# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ : 24-10-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਰੁਜ਼ਗਾਰ ਮੇਲੇ, ਦੇਸ਼ ਦੇ ਨੌਜਵਾਨਾਂ ਦੇ ਸੁਪਨਿਆਂ ਨੂੰ ਪੂਰਾ ਕਰਨ ਦਾ ਇੱਕ ਮਾਧਿਅਮ ਬਣ ਗਏ ਨੇ । ਪ੍ਰਧਾਨ ਮੰਤਰੀ ਨੇ ਇਹ ਗੱਲ ਨਵੀਂ ਦਿੱਲੀ ਵਿੱਚ 17ਵੇਂ ਰਾਸ਼ਟਰੀ ਰੋਜ਼ਗਾਰ ਮੇਲੇ ਵਿੱਚ ਇੱਕ ਵੀਡੀਓ ਸੰਦੇਸ਼ ਵਿੱਚ ਕਹੀ। ਇਸ ਸਮਾਗਮ ਦੌਰਾਨ, ਰੋਜ਼ਗਾਰ ਮੇਲਾ ਪਹਿਲਕਦਮੀ ਤਹਿਤ ਵੱਖ-ਵੱਖ ਸਰਕਾਰੀ ਵਿਭਾਗਾਂ ਅਤੇ ਸੰਗਠਨਾਂ ਵਿੱਚ ਨਵੇਂ ਭਰਤੀ ਹੋਏ 51 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਵੰਡੇ ਗਏ । ਸ਼੍ਰੀ ਮੋਦੀ ਨੇ ਕਿਹਾ, ਇਨ੍ਹਾਂ ਰੁਜ਼ਗਾਰ ਮੇਲਿਆਂ ਰਾਹੀਂ ਹੀ ਪਿਛਲੇ ਕੁਝ ਸਮੇਂ ਵਿੱਚ 11 ਲੱਖ ਤੋਂ ਵੱਧ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਦਿੱਤੇ ਗਏ ਹਨ। ਪ੍ਰਧਾਨ ਮੰਤਰੀ ਨੇ ਦੇਸ਼ ਵਿੱਚ 'ਵਿਕਸਤ ਭਾਰਤ ਯੋਜਨਾ' ਵੀ ਸ਼ੁਰੂ ਕੀਤੀ, ਜਿਸਦਾ ਉਦੇਸ਼ ਸਾਢੇ 3 ਕਰੋੜ ਨੌਜਵਾਨਾਂ ਨੂੰ ਨੌਕਰੀਆਂ ਪ੍ਰਦਾਨ ਕਰਨਾ ਏ । ਪ੍ਰਧਾਨ ਮੰਤਰੀ ਨੇ ਕਿਹਾ I BYTE:

ਏਧਰ ਪੰਜਾਬ ਵਿਚ ਦੋ ਜ਼ਿਲਿਆਂ ਜਲੰਧਰ ਅਤੇ ਪਟਿਆਲਾ ਵਿਚ ਰੋਜ਼ਗਾਰ ਮੇਲੇ ਦਾ ਆਯੋਜਨ ਕੀਤਾ ਗਿਆ I ਜਲੰਧਰ ਸਥਿਤ Dr B R ਅੰਬੇਡਕਰ ਨੈਸ਼ਨਲ ਇੰਸਟੀਟਿਊਟ ਆਫ ਟੈਕਨੋਲੋਜੀ ਵਿਚ ਹੋਏ ਰੋਜ਼ਗਾਰ ਮੇਲੇ ਦੌਰਾਨ ਪੰਜਾਬ ਸਰਕਲ ਦੇ ਚੀਫ ਪੋਸਟ ਮਾਸਟਰ ਜਨਰਲ ਵਿਨੋਦ ਕੁਮਾਰ ਵਰਮਾ ਅਤੇ ਐਨ.ਆਈ.ਟੀ ਜਲੰਧਰ ਦੇ ਡਾਇਰੈਕਟਰ ਪ੍ਰੋ: ਬਿਨੋਦ ਕੁਮਾਰ ਕਨੌਜੀਆ ਮੁੱਖ ਮਹਿਮਾਨ ਰਹੇ I ਉਨ੍ਹਾਂ 187 ਨਵ ਨਿਯੁਕਤ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਤਕਸੀਮ ਕੀਤੇ I ਓਧਰ ਪਟਿਆਲਾ ਦੇ ਪੀ.ਐਲ.ਡਬਲਯੂ ਆਡੀਟੋਰੀਅਮ ਵਿਚ ਚੁਣੇ ਗਏ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਵੰਡੇ ਗਏ । ਇਸ ਮੌਕੇ ਨਿਯੁਕਤੀ ਪੱਤਰ ਪ੍ਰਾਪਤ ਕਰਨ ਵਾਲੇ ਉਮੀਦਵਾਰ ਹੇਮੰਤ ਕੁਮਾਰ ਨੇ ਕਿਹਾ IBYTE:

-----------------------------------------------------------------------

ਕੇਂਦਰੀ ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੇ ਮੁਸਾਫ਼ਿਰਾਂ ਦੀ ਸਹੂਲਤ ਯਕੀਨੀ ਬਣਾਉਣ ਲਈ ਨਵੀਂ ਦਿੱਲੀ ਦੇ ਰੇਲ ਭਵਨ ਵਿਖੇ ਵਾਰ ਰੂਮ ਤੋਂ ਤਿਉਹਾਰਾਂ ਦੌਰਾਨ ਚੱਲਣ ਵਾਲੀਆਂ ਵਿਸ਼ੇਸ਼ ਰੇਲ ਗੱਡੀਆਂ ਦੀ ਸਥਿਤੀ ਦੀ ਸਮੀਖਿਆ ਕੀਤੀ। ਉਨ੍ਹਾਂ ਨੇ ਕੱਲ੍ਹ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਅਤੇ ਛੱਠ ਪੂਜਾ ਤੋਂ ਪਹਿਲਾਂ ਰੇਲਵੇ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ । ਤਿਉਹਾਰਾਂ ਦੌਰਾਨ ਰੇਲਵੇ ਸਟੇਸ਼ਨਾਂ 'ਤੇ ਹੋਣ ਵਾਲੀ

ਭੀੜ ਦੀ ਨਿਗਰਾਨੀ ਅਤੇ ਪ੍ਰਬੰਧ ਲਈ ਰੇਲ ਭਵਨ ਵਿਖੇ ਇੱਕ ਵਾਰ ਰੂਮ ਕਾਇਮ ਕੀਤਾ ਗਿਆ ਏ ।BYTE:

ਨਿਯਮਤ ਰੇਲ ਸੇਵਾਵਾਂ ਤੋਂ ਇਲਾਵਾ, ਅਗਲੇ ਤਿੰਨ ਦਿਨਾਂ ਵਿੱਚ 1500 ਵਿਸ਼ੇਸ਼ ਰੇਲ ਗੱਡੀਆਂ ਚਲਾਈਆਂ ਜਾਣਗੀਆਂ। ਔਸਤਨ, ਹਰ ਰੋਜ਼ 300 ਵਿਸ਼ੇਸ਼ ਰੇਲ ਗੱਡੀਆਂ ਚੱਲਣਗੀਆਂ। ਇਸ ਮਹੀਨੇ ਦੀ ਪਹਿਲੀ ਤਰੀਕ ਤੋਂ ਅਗਲੇ ਮਹੀਨੇ ਦੀ 30 ਤਾਰੀਖ ਤੱਕ, 61 ਦਿਨਾਂ ਦੀ ਮਿਆਦ ਵਿੱਚ, ਦੇਸ਼ ਭਰ ਵਿੱਚ 12 ਹਜ਼ਾਰ ਤੋਂ ਵੱਧ ਵਿਸ਼ੇਸ਼ ਰੇਲ ਗੱਡੀਆਂ ਚਲਾਈਆਂ ਜਾ ਰਹੀਆਂ ਨੇ

---------------------------------------------------------------------------

ਪੰਜਾਬ ਰਾਜ ਮਹਿਲਾ ਕਮਿਸ਼ਨ ਦੀਆਂ ਨਵਨਿਯੁਕਤ ਸੀਨੀਅਰ ਵਾਈਸ-ਚੇਅਰਪਰਸਨ, ਵਾਈਸ-ਚੇਅਰਪਰਸਨ ਅਤੇ 10 ਮੈਂਬਰਾਂ ਨੇ ਆਪਣਾ ਅਹੁਦਾ ਸੰਭਾਲ ਲਿਆ। ਇਸ ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਦੱਸਿਆ ਕਿ ਜ਼ਿਲ੍ਹਾ ਬਠਿੰਡਾ ਤੋਂ ਰੁਪਿੰਦਰ ਕੌਰ ਗਿੱਲ ਨੇ ਸੀਨੀਅਰ ਵਾਇਸ-ਚੇਅਰਪਰਸਨ ਅਤੇ ਅਜਨਾਲਾ ਤੋਂ ਗੀਤਾ ਗਿੱਲ ਨੇ ਵਾਇਸ ਚੇਅਰਪਰਸਨ ਵਜੋਂ ਅੱਜ ਅਹੁਦਾ ਸੰਭਾਲਿਆ ਏ । ਉਨ੍ਹਾਂ ਦੱਸਿਆ ਕਿ ਇਸ ਦੇ ਨਾਲ ਹੀ 10 ਮੈਂਬਰਾਂ ਨੇ ਅੱਜ ਅਹੁਦਾ ਸੰਭਾਲਿਆ ਜਿਨ੍ਹਾਂ ਵਿਚ ਜ਼ਿਲ੍ਹਾ ਹੁਸ਼ਿਆਰਪੁਰ ਤੋਂ ਨਵਜੋਤ

ਕੌਰ, ਜ਼ਿਲ੍ਹਾ ਜਲੰਧਰ ਤੋਂ ਕ੍ਰਿਸ਼ਨਾ ਦੇਵੀ, ਜ਼ਿਲ੍ਹਾ ਬਠਿੰਡਾ ਤੋਂ ਜਸਵਿੰਦਰ ਕੌਰ, ਜ਼ਿਲ੍ਹਾ ਲੁਧਿਆਣਾ ਤੋਂ ਅਜਿੰਦਰਪਾਲ ਕੌਰ, ਜ਼ਿਲ੍ਹਾ ਅੰਮ੍ਰਿਤਸਰ ਤੋਂ ਸ੍ਰੀਮਤੀ ਸੁਖਬੀਰ ਕੌਰ, ਸ਼ਾਮਲ ਨੇ । ਇਸ ਮੌਕੇ ਕਮਿਸ਼ਨ ਦੇ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਨਵਨਿਯੁਕਤ ਸੀਨੀਅਰ ਵਾਈਸ ਚੇਅਰਮੈਨ, ਵਾਈਸ ਚੇਅਰਮੈਨ ਅਤੇ ਮੈਂਬਰ ਨੂੰ ਮੁਬਾਰਕ ਦਿੰਦਿਆਂ ਕਿਹਾ ਕਿ ਉਹ ਸੂਬੇ ਦੀਆਂ ਮਹਿਲਾਵਾਂ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਪੂਰੇ ਸਮਰਪਣ ਨਾਲ ਕੰਮ ਕਰਨ।

-------------------------------------------------------------------

ਡਿਜੀਟਲ ਕੰਮਕਾਜ ਅਤੇ ਪ੍ਰਸਾਸਕੀ ਉੱਤਮਤਾ ਨੂੰ ਮਜਬੂਤ ਕਰਨ ਲਈ, ਰਾਸਟਰੀ ਸੂਚਨਾ ਵਿਗਿਆਨ ਕੇਂਦਰ ਪੰਜਾਬ ਨੇ ਸਾਰੇ ਐਨ.ਆਈ.ਸੀ. ਅਧਿਕਾਰੀਆਂ ਲਈ ਤਿੰਨ ਰੋਜ਼ਾ ਸਿਖਲਾਈ ਵਰਕਸ਼ਾਪ ਦਾ ਆਯੋਜਨ ਕੀਤਾ , ਜੋ ਕਰਮਯੋਗੀ ਆਈ.ਜੀ.ਓ.ਟੀ. ਸੈਸ਼ਨ ਨਾਲ ਸਮਾਪਤ ਹੋਈ। ਇਹ ਪ੍ਰੋਗਰਾਮ, ਅਧਿਕਾਰੀਆਂ ਨੂੰ ਨਵੀਆਂ ਤਕਨਾਲੋਜੀਆਂ ਨਾਲ ਲੈਸ ਕਰਨ, ਨਵੀਨਤਾ-ਅਧਾਰਤ ਸਾਸਨ ਨੂੰ ਉਤਸਾਹਿਤ ਕਰਨ ਅਤੇ ਪੰਜਾਬ ਨੂੰ ਮੁਕੰਮਲ ਰੂਪ ਵਿੱਚ ਡਿਜੀਟਲ ਅਤੇ ਨਾਗਰਿਕ-ਕੇਂਦ੍ਰਿਤ ਰਾਜ ਬਣਾਉਣ ਲਈ ਇੱਕ ਮਜਬੂਤ ਮੰਚ ਵਜੋਂ ਮੁੱਹਈਆ ਕਰਦਾ ਏ । ਸੁਸ਼ਾਸ਼ਨ ਅਤੇ ਸੂਚਨਾ ਤਕਨਾਲੋਜੀ ਵਿਭਾਗ ਦੇ ਵਧੀਕ ਮੁੱਖ ਸਕੱਤਰ ਡੀ.ਕੇ. ਤਿਵਾੜੀ ਨੇ ਕਿਹਾ ਕਿ ਡਿਜੀਟਲ

ਤਬਦੀਲੀ ਦੇ ਖੇਤਰ ਵਿੱਚ ਪੰਜਾਬ ਦੀ ਪ੍ਰਗਤੀ ਪੂਰੇ ਭਾਰਤ ਵਿੱਚ ਸਾਸਨ ਅਤੇ ਸੇਵਾਵਾਂ ਪ੍ਰਦਾਨ ਕਰਨ ਦੀ ਦਿਸਾ ਵਿੱਚ ਇੱਕ ਨਵਾਂ ਮੀਲ ਪੱਥਰ ਸਥਾਪਿਤ ਕਰ ਰਹੀ ਏ । ਉਨਾਂ ਕਿਹਾ ਕਿ ਐਨ.ਆਈ.ਸੀ. ਪੰਜਾਬ ਸਰਕਾਰ ਦੇ ਕਾਰਜਾਂ ਦੀ ਡਿਜੀਟਲ ਰੀੜ ਬਣ ਗਿਆ ਏ , ਜੋ ਸੂਬੇ ਨੂੰ ਕੁਸ਼ਲ, ਪਾਰਦਰਸ਼ੀ ਅਤੇ ਜਵਾਬਦੇਹ ਜਨਤਕ ਸੇਵਾਵਾਂ ਪ੍ਰਦਾਨ ਕਰਨ ਵਿਚ ਸਮਰੱਥ ਬਣਾਉਂਦਾ ਏ । ਉਨਾਂ ਨੇ ਅਧਿਕਾਰੀਆਂ ਨੂੰ ਨਾਗਰਿਕ ਪਹੁੰਚ ਨੂੰ ਵਧਾਉਣ ਲਈ ਆਰਟੀਫੀਸੀਅਲ ਇੰਟੈਲੀਜੈਂਸ, ਅਤੇ ਸਮਾਰਟ ਸਿਸਟਮ ਨੂੰ ਅਪਣਾਉਣ ਦੀ ਵੀ ਅਪੀਲ ਕੀਤੀ। ਇਸ ਵਰਕਸਾਪ ਵਿੱਚ 23 ਜਿਲਿਆਂ ਅਤੇ ਸਟੇਟ ਸੈਂਟਰ ਦੇ ਅਧਿਕਾਰੀਆਂ ਨੇ ਹਿਸਾ ਲਿਆ ।

---------------------------------------------------------------------------

ਬਠਿੰਡਾ ਦੇ ਸਿਵਲ ਸਰਜਨ ਡਾ ਤਪਿੰਦਰਜੋਤ ਦੇ ਦਿਸ਼ਾ-ਨਿਰਦੇਸ਼ਾ ਹੇਠ ਪੁਲਿਸ ਪਬਲਿਕ ਸਕੂਲ ਵਿਖੇ ਵਿਦਿਆਰਥੀਆਂ ਨੂੰ ਤੰਬਾਕੂ ਨਾ ਖਾਣ ਦੀ ਸਹੁੰ ਚੁਕਵਾਈ ਗਈ ਅਤੇ ਤੰਬਾਕੂ ਦੇ ਮਾੜੇ ਪ੍ਰਭਾਵਾ ਬਾਰੇ ਜਾਗਰੂਕ ਕੀਤਾ । ਸਿਵਲ ਸਰਜਨ ਨੇ ਦੱਸਿਆ ਕਿ ਤੰਬਾਕੂ ਦੀ ਰੋਕਥਾਮ ਬਾਰੇ ਰਾਸ਼ਟਰੀ ਪ੍ਰੋਗਰਾਮ ਅਧੀਨ ਤੰਬਾਕੂ ਮੁਕਤ ਨੋਜਵਾਨ ਮੁਹਿੰਮ ਚਲਾਈ ਗਈ ਏ, ਜੋ ਦਸੰਬਰ ਤੱਕ ਏ , ਜਿਸ ਦਾ ਮੁੱਖ ਉਦੇਸ਼ ਤੰਬਾਕੂ ਤੋਂ ਹੋਣ ਵਾਲੀਆਂ ਬਿਮਾਰੀਆਂ ਸਬੰਧੀ ਜਾਗਰੂਕਤਾ, ਲੋਕਾਂ ਨੂੰ ਤੰਬਾਕੂ ਛੱਡਣ ਲਈ

ਪ੍ਰੇਰਿਤ ਕਰਨਾ ਅਤੇ ਤੰਬਾਕੂ ਦੇ ਖ਼ਿਲਾਫ ਨੀਤੀਆਂ ਨੂੰ ਵਧਾਵਾ ਦੇਣਾ ਏ। ਉਨ੍ਹਾਂ  ਦੱਸਿਆ ਕਿ ਤੰਬਾਕੂ ਸਿਰਫ਼ ਨਸ਼ੀਲਾ ਪਦਾਰਥ ਹੀ ਨਹੀਂ, ਸਗੋਂ ਇਹ ਕਈ ਖ਼ਤਰਨਾਕ ਬਿਮਾਰੀਆਂ ਜਿਵੇਂ ਫੇਫੜਿਆਂ ਦਾ ਕੈਂਸਰ, ਦਿਲ ਦੀਆਂ ਬਿਮਾਰੀਆਂ, ਸਾਂਸ ਦੀ ਬਿਮਾਰੀ ਅਤੇ ਮੌਤ ਦਾ ਕਾਰਨ ਵੀ ਬਣਦਾ ਏ। ਵਿਸ਼ਵ ਭਰ ਵਿੱਚ ਲੱਖਾਂ ਲੋਕ ਹਰ ਸਾਲ ਤੰਬਾਕੂ ਕਾਰਨ ਆਪਣੀ ਜਾਨ ਗਵਾ ਬੈਠਦੇ ਨੇ। ਇਸ ਮੁਹਿੰਮ ਰਾਹੀਂ ਵਿਦਿਆਰਥੀਆਂ, ਨੌਜਵਾਨਾਂ ਅਤੇ ਆਮ ਲੋਕਾਂ ਨੂੰ ਤੰਬਾਕੂ ਤੋਂ ਦੂਰ ਰਹਿਣ ਦੀ ਪ੍ਰੇਰਣਾ ਦਿੱਤੀ ਜਾਂਦੀ ਏ।

-----------------------------------------------------------------------

42ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਮੈਂਟ ਵਿੱਚ 10 ਉਲੰਪੀਅਨ ਖਿਡਾਰੀਆਂ ਵਾਲੀ ਪੰਜਾਬ ਪੁਲਿਸ ਜਲੰਧਰ ਦੀ ਟੀਮ ਨੇ ਪੰਜਾਬ ਐਂਡ ਸਿੰਧ ਬੈਂਕ ਦਿੱਲੀ ਨੂੰ 5-0 ਦੇ ਫਰਕ ਨਾਲ ਹਰਾਇਆ। ਦੂਜੇ ਮੈਚ ਵਿੱਚ ਆਰਮੀ ਇਲੈਵਨ ਨੇ ਸੀ.ਆਰ.ਪੀ.ਐਫ ਦਿੱਲੀ ਨੂੰ 2-1 ਨਾਲ ਹਰਾ ਕੇ ਤਿੰਨ ਅੰਕ ਹਾਸਲ ਕੀਤੇ। ਸਥਾਨਕ ਉਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿੱਚ ਸ਼ੁਰੂ ਹੋਏ ਟੂਰਨਾਮੈਂਟ ਦਾ ਉਦਘਾਟਨ ਕੱਲ ਰਾਜ ਸਭਾ ਮੈਂਬਰ ਅਸ਼ੋਕ ਮਿੱਤਲ ਨੇ ਕੀਤਾ। ਉਨ੍ਹਾਂ ਦੇ ਨਾਲ ਹਾਕੀ ਇੰਡੀਆ ਦੇ ਮੀਤ ਪ੍ਰਧਾਨ, ਹਾਕੀ ਪੰਜਾਬ ਦੇ ਪ੍ਰਧਾਨ ਨਿਤਨ ਕੋਹਲੀ ਅਤੇ ਇੰਡੀਅਨ ਆਇਲ ਦੇ ਜਨਰਲ ਮੈਨੇਜਰ ਯਸ਼ਪਾਲ ਕਾਂਤ ਵਿਸ਼ੇਸ਼

ਤੌਰ ਤੇ ਮੌਜੂਦ ਰਹੇ । ਅੱਜ ਟੂਰਨਮੈਂਟ ਵਿੱਚ RCF ਕਪੂਰਥਲਾ ਦਾ ਮੁਕਾਬਲਾ ਇੰਡੀਅਨ ਨੇਵੀ ਨਾਲ ਸ਼ਾਮ ਸਾਢੇ ਚਾਰ ਵਜੇ 4 ਵਜੇ ਅਤੇ ਕੈਗ ਨਵੀਂ ਦਿੱਲੀ ਦਾ ਮੁਕਾਬਲਾ ਬੀ.ਐਸ.ਐਫ ਜਲੰਧਰ ਨਾਲ 5 ਵੱਜਕੇ 45 ਮਿੰਟ ਤੇ ਹੋਵੇਗਾ ।